# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :09-11-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਹਰਾਦੂਨ ਵਿੱਚ ਉਤਰਾਖੰਡ ਦੇ ਸਥਾਪਨਾ ਦਿਵਸ ਦੇ ਸਿਲਵਰ ਜੁਬਲੀ ਸਮਾਰੋਹ ਵਿੱਚ ਸ਼ਿਰਕਤ ਕੀਤੀ- 8 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੇ ਕਈ ਵਿਕਾਸ ਪ੍ਰੋਜੈਕਟਾਂ ਦੀ ਕੀਤੀ ਸ਼ੁਰੂਆਤ ।

- ਚੋਣ ਕਮਿਸ਼ਨ ਵੱਲੋਂ ਤਰਨਤਾਰਨ ਜ਼ਿਮਨੀ ਚੋਣ ਲਈ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ - ਕੇਂਦਰੀ ਬਲਾਂ ਦੀਆਂ 12 ਕੰਪਨੀਆਂ ਤਾਇਨਾਤ -46 ਮਾਈਕ੍ਰੋ ਅਬਜ਼ਰਵਰ ਸਾਰੇ ਸੰਵੇਦਨਸ਼ੀਲ ਪੋਲਿੰਗ ਸਟੇਸ਼ਨਾਂ 'ਤੇ ਰੱਖਣਗੇ ਨਜ਼ਰ - ਸੁਰਿੰਦਰ ਲਾਂਬਾਂ ਨੂੰ ਤਰਨਤਾਰਨ ਦਾ ਨਵਾਂ ਐੱਸ.ਐੱਸ.ਪੀ. ਨਿਯੁਕਤ ਕੀਤਾ ਗਿਆ ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਰਧਾਲੂਆਂ ਨੂੰ ਦਰਸ਼ਨਾਂ ਲਈ ਅੰਮ੍ਰਿਤਸਰ ਲਿਜਾਣ ਵਾਲੀਆਂ ਬੱਸਾਂ ਦੇ ਪਹਿਲੇ ਜਥੇ ਨੂੰ ਰਵਾਨਾ ਕੀਤਾ।

- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਬਾਬਾ ਬਕਾਲਾ ਸਾਹਿਬ ਵਿਖੇ ਵਿਸ਼ਾਲ ਸਮਾਗਮ |

- ਭਾਰਤ-ਪਾਕਿਸਤਾਨ ਸਰਹੱਦ 'ਤੇ ਫਿਰੋਜ਼ਪੁਰ ਬਾਰਡਰ ਮੈਰਾਥਨ ਦਾ ਆਯੋਜਨ-4000 ਤੋਂ ਵੱਧ ਦੌੜਾਕਾ ਨੇ ਹਿੱਸਾ ਲਿਆ।

**<u>ਹੁਣ ਖਬਰਾਂ ਵਿਸਥਾਰ ਨਾਲ</u>**

ਉੱਤਰਾਖੰਡ ਅੱਜ ਆਪਣਾ 25ਵਾਂ ਸਥਾਪਨਾ ਦਿਵਸ ਮਨਾ ਰਿਹਾ ਏ।

ਇਸ ਮੌਕੇ 'ਤੇ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਹਰਾਦੂਨ ਦੇ ਜੰਗਲਾਤ ਖੋਜ ਸੰਸਥਾਨ ਵਿਖੇ ਆਯੋਜਿਤ ਇੱਕ ਸਮਾਰੋਹ ਵਿੱਚ 8 ਹਜ਼ਾਰ ਕਰੋੜ ਤੋਂ ਵੱਧ ਦੇ ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ। ਇਹ ਪ੍ਰੋਜੈਕਟ ਪੀਣ ਵਾਲੇ ਪਾਣੀ, ਸਿੰਚਾਈ,

ਤਕਨੀਕੀ ਸਿੱਖਿਆ, ਊਰਜਾ, ਸ਼ਹਿਰੀ ਵਿਕਾਸ, ਖੇਡਾਂ ਅਤੇ ਹੁਨਰ ਵਿਕਾਸ ਸਮੇਤ ਮੁੱਖ ਖੇਤਰਾਂ ਨਾਲ ਸਬੰਧਤ ਨੇ। ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਦੇ ਤਹਿਤ, ਸ਼੍ਰੀ ਮੋਦੀ ਨੇ 28 ਹਜ਼ਾਰ ਤੋਂ ਵੱਧ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ 62 ਕਰੋੜ ਤੋਂ ਵੱਧ ਦੀ ਵਿੱਤੀ ਸਹਾਇਤਾ ਵੀ ਟ੍ਰਾਂਸਫਰ ਕੀਤੀ। ਪ੍ਰਧਾਨ ਮੰਤਰੀ ਨੇ ਇਸ ਮੌਕੇ 'ਤੇ ਇੱਕ ਯਾਦਗਾਰੀ ਡਾਕ ਟਿਕਟ ਵੀ ਜਾਰੀ ਕੀਤੀ। ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਉਨ੍ਹਾਂ ਨੇ ਉੱਤਰਾਖੰਡ ਦੇ ਲੋਕਾਂ ਨੂੰ ਰਾਜ ਦੇ ਸਥਾਪਨਾ ਦਿਵਸ ਦੇ 25 ਸਾਲ ਪੂਰੇ ਹੋਣ ਮੌਕੇ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਉੱਤਰਾਖੰਡ ਨੇ ਪਿਛਲੇ 25 ਸਾਲਾਂ ਵਿੱਚ ਵੱਖ-ਵੱਖ ਖੇਤਰਾਂ ਵਿੱਚ ਮਹੱਤਵਪੂਰਨ ਤਰੱਕੀ ਕੀਤੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਡਬਲ-ਇੰਜਣ ਸਰਕਾਰ ਉਤਰਾਖੰਡ ਨੂੰ ਵਿਕਾਸ ਦੀਆਂ ਨਵੀਆਂ ਉਚਾਈਆਂ 'ਤੇ ਲਿਜਾਣ ਲਈ ਲਗਾਤਾਰ ਕੰਮ ਕਰ ਰਹੀ ਏ।

BYTE

ਵੱਖ-ਵੱਖ ਪ੍ਰੋਜਕਟਾਂ ਬਾਰੇ ਪ੍ਰਧਾਨ ਮੰਤਰੀ ਨੇ ਕਿਹਾ।

BYTE

ਸ਼੍ਰੀ ਮੋਦੀ ਨੇ ਇੱਕ ਪ੍ਰਦਰਸ਼ਨੀ ਦਾ ਦੌਰਾ ਕੀਤਾ ਅਤੇ ਵੱਖ-ਵੱਖ ਹਿੱਸੇਦਾਰਾਂ ਨਾਲ ਗੱਲਬਾਤ ਕੀਤੀ।

-------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਉਤਰਾਖੰਡ ਦੇ ਲੋਕਾਂ ਨੂੰ ਸੂਬੇ ਦੇ ਸਥਾਪਨਾ ਦਿਵਸ 25ਵੀਂ ਵਰੇਗੰਢ  ਮੌਕੇ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਉਤਰਾਖੰਡ ਨੇ ਦੇਸ਼ ਦੀ ਸ਼ਾਨਦਾਰ ਅਧਿਆਤਮਿਕ ਅਤੇ ਸੱਭਿਆਚਾਰਕ ਯਾਤਰਾ ਵਿੱਚ ਇੱਕ ਵਿਲੱਖਣ ਯੋਗਦਾਨ ਪਾਇਆ ਏ । ਉਨ੍ਹਾਂ ਕਿਹਾ ਕਿ ਪਿਛਲੇ 25 ਸਾਲਾਂ ਵਿੱਚ, ਸੂਬੇ ਦੇ ਮਿਹਨਤੀ ਅਤੇ ਨਿਮਰ ਲੋਕਾਂ ਨੇ ਆਧੁਨਿਕ ਵਿਕਾਸ ਦੇ ਨਵੇਂ ਆਯਾਮ ਪੈਦਾ ਕੀਤੇ ਹਨ। ਉਨ੍ਹਾਂ ਉੱਤਰਾਖੰਡ ਦੇ ਨਿਵਾਸੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਵੀ ਕੀਤੀ।

-------------------------------------------------------------

ਪੰਜਾਬ ਵਿਧਾਨ ਸਭਾ ਹਲਕਾ ਤਰਨਤਾਰਨ ਵਿੱਚ 11 ਨਵੰਬਰ ਨੂੰ ਜ਼ਿਮਨੀ ਚੋਣ ਲਈ ਵੋਟਾਂ ਪੈਣੀਆਂ ਨੇ । ਇਸ ਦੇ ਮੱਦੇਨਜ਼ਰ ਚੋਣ

ਕਮਿਸ਼ਨ ਨੇ ਕੌਮਾਂਤਰੀ ਸਰਹੱਦ ਨਾਲ ਲੱਗਦੇ ਜ਼ਿਲ੍ਹੇ ਤਰਨਤਾਰਨ ਦੀ ਸੰਵੇਦਨਸ਼ੀਲਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਜ਼ਿਲ੍ਹਾ ਚੋਣ ਮਸ਼ੀਨਰੀ ਰਾਹੀਂ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਨੇ ਅਤੇ ਚੋਣ ਕਮਿਸ਼ਨ ਵੱਲੋਂ ਤਾਇਨਾਤ ਕੀਤੇ ਗਏ ਅਬਜ਼ਰਵਰਾਂ ਨਾਲ ਸਲਾਹ-ਮਸ਼ਵਰਾ ਕਰਕੇ ਚੋਣ ਯੋਜਨਾ ਨੂੰ ਅੰਤਿਮ ਰੂਪ ਦਿੱਤਾ ਗਿਆ ਏ। ਸੂਬੇ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਹਲਕੇ ਵਿੱਚ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ ਦੀਆਂ 12 ਕੰਪਨੀਆਂ ਤਾਇਨਾਤ ਕੀਤੀਆਂ ਗਈਆਂ ਨੇ , ਜੋ ਕਿ ਕਿਸੇ ਵੀ ਜ਼ਿਮਨੀ ਚੋਣ ਵਿੱਚ ਚੋਣ ਕਮਿਸ਼ਨ ਵੱਲੋਂ ਹੁਣ ਤੱਕ ਦੀ ਸਭ ਤੋਂ ਵੱਡੀ ਤਾਇਨਾਤੀਆਂ ਵਿੱਚੋਂ ਇੱਕ ਏ। ਮੁੱਖ ਚੋਣ ਅਧਿਕਾਰੀ ਨੇ ਕਿ ਸਾਰੇ ਪੋਲਿੰਗ ਸਟੇਸ਼ਨ ਸਥਾਨਾਂ ਉੱਤੇ ਕੇਂਦਰੀ ਬਲਾਂ ਦੇ ਜਵਾਨ ਤਾਇਨਾਤ ਰਹਿਣਗੇ। ਕੇਂਦਰੀ ਬਲਾਂ ਤੋਂ ਇਲਾਵਾ ਸਾਰੇ ਪੋਲਿੰਗ ਸਟੇਸ਼ਨਾਂ ਉੱਤੇ ਸੀਸੀਟੀਵੀ ਕੈਮਰੇ ਅਤੇ ਵੈਬਕਾਸਟਿੰਗ ਦੀ ਵਿਵਸਥਾ ਹੋਵੇਗੀ, ਜਿਨ੍ਹਾਂ ਦੀ ਨਿਗਰਾਨੀ ਰੀਟਰਨਿੰਗ ਅਧਿਕਾਰੀ, ਜ਼ਿਲ੍ਹਾ ਚੋਣ ਅਧਿਕਾਰੀ ਅਤੇ ਮੁੱਖ ਚੋਣ ਅਧਿਕਾਰੀ ਪੱਧਰ 'ਤੇ ਚੋਣ ਕਮਿਸ਼ਨ ਦੀ ਦੇਖਰੇਖ ਹੇਠ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਾਰੇ ਸੰਵੇਦਨਸ਼ੀਲ ਪੋਲਿੰਗ ਸਟੇਸ਼ਨ ਸਥਾਨਾਂ

ਨੂੰ 46 ਮਾਈਕ੍ਰੋ ਅਬਜ਼ਰਵਰ ਵੀ ਕਵਰ ਕਰਨਗੇ। ਮੁੱਖ ਚੋਣ ਅਧਿਕਾਰੀ ਨੇ ਦੱਸਿਆ ਕਿ ਸਾਰੇ 222 ਪੋਲਿੰਗ ਸਟੇਸ਼ਨਾਂ 'ਤੇ ਲਾਜ਼ਮੀ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾ ਦਿੱਤੀਆਂ ਗਈਆਂ ਹਨ ਅਤੇ ਭਰੋਸਾ ਦਿੱਤਾ ਕਿ ਚੋਣ ਮਸ਼ੀਨਰੀ ਵੱਲੋਂ ਕਾਨੂੰਨ ਅਤੇ ਵਿਵਸਥਾ ਦੀ ਕਿਸੇ ਵੀ ਉਲੰਘਣਾ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ। ਉਨ੍ਹਾਂ ਵਿਧਾਨ ਸਭਾ ਹਲਕਾ ਤਰਨ ਤਾਰਨ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ 11 ਨਵੰਬਰ ਨੂੰ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਹੋਣ ਵਾਲੀ ਵੋਟਿੰਗ ਦੌਰਾਨ ਨਿਡਰਤਾ ਨਾਲ ਅੱਗੇ ਆ ਕੇ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ।

---------------------------------------------------------

ਓਧਰ ਚੋਣ ਕਮਿਸ਼ਨ ਨੇ ਸੁਰਿੰਦਰ ਲਾਂਬਾਂ ਨੂੰ ਤਰਨਤਾਰਨ ਦਾ ਨਵਾਂ SSP ਨਿਯੁਕਤ ਕੀਤਾ ਏ । ਜ਼ਿਕਰਯੋਗ ਏ ਕਿ ਚੋਣ ਕਮਿਸ਼ਨ ਨੇ ਬੀਤੇ ਦਿਨੀ ਤਰਨਤਾਰਨ ਦੀ ਐਸ.ਐਸ.ਪੀ ਡਾ. ਰਵਜੋਤ ਕੌਰ ਗਰੇਵਾਲ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰਨ ਦੇ ਨਿਰਦੇਸ਼ ਦਿੱਤੇ ਸਨ । ਇਸਤੋਂ ਪਹਿਲਾ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ, ਗੁਰਪ੍ਰੀਤ ਸਿੰਘ ਭੁੱਲਰ, ਨੂੰ

ਨਾਲ ਐਸ.ਐਸ.ਪੀ, ਤਰਨਤਾਰਨ ਦਾ ਵਾਧੂ ਚਾਰਜ ਦਿੱਤਾ ਗਿਆ ਸੀ। ਤਰਨ ਤਾਰਨ ਵਿਚ 11 ਤਰੀਕ ਨੂੰ ਵਿਧਾਨ ਸਭਾ ਜ਼ਿਮਨੀ ਚੋਣ ਹੋਣੀ ਏ ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਵਿੱਤਰ ਸ਼ਹਿਰ ਅੰਮ੍ਰਿਤਸਰ ਵਿਖੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਲਈ ਸ਼ਰਧਾਲੂਆਂ ਨੂੰ ਲੈ ਕੇ ਜਾਣ ਵਾਲੀਆਂ ਬੱਸਾਂ ਦੇ ਪਹਿਲੇ ਜੱਥੇ ਨੂੰ ਰਵਾਨਾ ਕੀਤਾ। ਸ਼ਰਧਾਲੂਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਯਾਤਰਾ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਏ। ਉਨ੍ਹਾਂ ਕਿਹਾ ਕਿ ਇਹ ਯੋਜਨਾ 29 ਅਕਤੂਬਰ ਨੂੰ ਪਿੰਡ ਬਰੜਵਾਲ ਤੋਂ ਸ਼ੁਰੂ ਕੀਤੀ ਗਈ ਸੀ । ਭਗਵੰਤ ਸਿੰਘ ਮਾਨ ਨੇ ਕਿਹਾ

BYTE

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਮਹਾਨ ਗੁਰੂਆਂ, ਦੇਵੀ-ਦੇਵਤਿਆਂ, ਸੰਤਾਂ-ਪੀਰਾਂ ਅਤੇ ਸ਼ਹੀਦਾਂ ਦੀ ਪਵਿੱਤਰ ਧਰਤੀ ਏ ਜਿਨ੍ਹਾਂ ਨੇ

ਸਾਨੂੰ ਆਪਸੀ ਭਾਈਚਾਰੇ, ਸਾਂਝ ਅਤੇ ਏਕਤਾ ਦਾ ਸੰਦੇਸ਼ ਦਿੱਤਾ ਏ। ਮੁੱਖ ਮੰਤਰੀ ਨੇ ਕਿਹਾ ਕਿ ਹੁਣ ਸੂਬਾ ਸਰਕਾਰ ਨੇ ਇਹ ਯੋਜਨਾ ਦੇਸ਼ ਅਤੇ ਸੂਬੇ ਭਰ ਦੇ ਵੱਖ-ਵੱਖ ਪਵਿੱਤਰ ਅਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਵਾਸਤੇ ਸ਼ੁਰੂ ਕੀਤੀ ਏ। ਉਨ੍ਹਾਂ ਨੇ ਸਾਰੇ ਸ਼ਰਧਾਲੂਆਂ ਨੂੰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਸ਼ਹੀਦੀ ਦਿਵਸ ਦੀ ਯਾਦ ਵਿੱਚ ਵੱਖ-ਵੱਖ ਜ਼ਿਲ੍ਹਿਆਂ ਅਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਏ ਜਾ ਰਹੇ ਵੱਖ-ਵੱਖ ਧਾਰਮਿਕ ਸਮਾਗਮਾਂ ਅਤੇ ਮੁੱਖ ਪ੍ਰੋਗਰਾਮਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਪਹਿਲਾਂ ਹੀ ਇਸ ਇਤਿਹਾਸਕ ਮੌਕੇ ਨੂੰ ਮਨਾਉਣ ਲਈ ਲੜੀਵਾਰ ਸਮਾਗਮਾਂ ਦਾ ਪ੍ਰੋਗਰਾਮ ਉਲੀਕਿਆ ਏ।

---

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਏ ਗਏ ਵਿਸ਼ਾਲ ਗੁਰਮਤਿ ਸਮਾਗਮ ਕੀਤਾ ਗਿਆ ਈ

ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ, ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁੱਖੀ ਬਾਬਾ ਜੋਗਾ ਸਿੰਘ ਸਮੇਤ ਪ੍ਰਮੁੱਖ ਸਖਸ਼ੀਅਤਾਂ ਅਤੇ ਵੱਡੀ ਗਿਣਤੀ ਸੰਗਤਾਂ ਨੇ ਹਾਜ਼ਰੀ ਭਰੀ। ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਖੁੱਲੇ ਪੰਡਾਲ ਵਿੱਚ ਸਜੇ ਧਾਰਮਿਕ ਦੀਵਾਨ ਦੌਰਾਨ ਸ਼ਤਾਬਦੀ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਅਤੇ ਆਸਟ੍ਰੇਲੀਆ ਦੀ ਸਹਿਜ ਪਾਠ ਸੇਵਾ ਸੰਸਥਾ ਵੱਲੋਂ ਸੰਗਤ ਦੇ ਸਹਿਯੋਗ ਨਾਲ ਦੇਸ਼ ਦੁਨੀਆ ਅੰਦਰ ਆਰੰਭ ਕਰਵਾਏ ਗਏ 25 ਹਜ਼ਾਰ ਦੇ ਕਰੀਬ ਸਾਹਿਜ ਪਾਠਾਂ ਦੇ ਭੋਗ ਪਾਏ ਗਏ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕਰਕੇ ਪਾਵਨ ਗੁਰਬਾਣੀ ਦੇ ਪਾਠ ਕੀਤੇ ਤੇ ਗੁਰੂ ਸਾਹਿਬਾਨ ਪ੍ਰਤੀ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਸਮਾਗਮ ਦੌਰਾਨ ਰਾਗੀ, ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥਿਆਂ ਨੇ ਵੀ ਸੰਗਤਾਂ ਨਾਲ ਗੁਰ ਇਤਿਹਾਸ ਦੀ ਸਾਂਝ ਪਾਈ।

----------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿਚ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਤੋਂ ਅਗਲੇ ਪੜਾਅ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਲਈ ਰਵਾਨਾ ਹੋਇਆ। ਇਸ ਮੌਕੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ । ਉਨ੍ਹਾਂ ਕਿਹਾ ਕਿ ਸ਼ਤਾਬਦੀ ਨੂੰ ਸਮਰਪਿਤ ਆਰੰਭ ਹੋਏ ਸ਼ਹੀਦੀ ਨਗਰ ਕੀਰਤਨ ਪ੍ਰਤੀ ਸੰਗਤਾਂ ਦਾ ਉਤਸ਼ਾਹ ਗੁਰੂ ਸਾਹਿਬ ਪ੍ਰਤੀ ਸਮਰਪਣ ਭਾਵਨਾ ਦਾ ਪ੍ਰਤੀਕ ਏ ।

------------------------------------------------------------------

ਭਾਰਤੀ ਹਵਾਈ ਫੌਜ (IAF) ਦੀ ਪੂਰਬੀ ਹਵਾਈ ਕਮਾਂਡ ਨੇ ਆਪਣੀ 93ਵੀਂ ਵਰ੍ਹੇਗੰਢ ਮਨਾਉਣ ਲਈ, ਅੱਜ ਗੁਹਾਟੀ ਵਿੱਚ ਵੱਡੇ ਪੱਧਰ ਦਾ ਏਅਰ ਸ਼ੋਅ ਆਯੋਜਿਤ ਕੀਤਾ। ਗੁਹਾਟੀ ਵਿੱਚ ਬ੍ਰਹਮਪੁੱਤਰ ਨਦੀ 'ਤੇ ਲਾਸਿਤ ਘਾਟ ਵਿਖੇ, 25 ਤੋਂ ਵੱਧ ਫਾਰਮੇਸ਼ਨਾਂ ਵਿੱਚ 75 ਤੋਂ ਵੱਧ ਜਹਾਜ਼ਾਂ

ਅਤੇ ਹੈਲੀਕਾਪਟਰਾਂ ਨੇ ਹਿੱਸਾ ਲਿਆ। ਇਸ ਮੌਕੇ ਅਸਾਮ ਦੇ ਰਾਜਪਾਲ ਲਕਸ਼ਮਣ ਪ੍ਰਸਾਦ ਆਚਾਰੀਆ, ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਅਤੇ ਏਅਰ ਚੀਫ਼ ਮਾਰਸ਼ਲ ਅਮਰ ਪ੍ਰੀਤ ਸਿੰਘ ਮੌਜੂਦ ਸਨ।

---------------------------------------------------------

ਫਿਰੋਜ਼ਪੁਰ ਵਿਚ ਭਾਰਤ-ਪਾਕਿਸਤਾਨ ਸਰਹੱਦ 'ਤੇ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਤੇ ਸ਼ਹੀਦ ਸੁਖਦੇਵ ਦੀਆਂ ਸਮਾਧਾਂ ਤੋਂ ਫਿਰੋਜ਼ਪੁਰ ਬਾਰਡਰ ਮੈਰਾਥਨ-ਇੱਕ ਦੌੜ ਸ਼ਹੀਦਾਂ ਦੇ ਨਾਮ ਸਮਰਪਿਤ ਕੱਢੀ ਗਈ, ਜਿਸ ਵਿੱਚ 4000 ਤੋਂ ਵੱਧ ਦੌੜਾਕਾ ਨੇ ਹਿੱਸਾ ਲਿਆ । ਫਿਰੋਜ਼ਪੁਰ ਬਾਰਡਰ ਮੈਰਾਥਨ ਦਾ ਪ੍ਰਬੰਧ ਭਾਰਤੀ ਫੌਜ ਦੀ ਸੱਤਵੀਂ ਗੋਲਡਨ ਐਰੋ ਇਨਫੈਂਟਰੀ ਡਿਵੀਜ਼ਨ ਵੱਲੋਂ ਕੀਤਾ ਗਿਆ। ਇਸ ਮੌਕੇ 21 ਕਿਲੋਮੀਟਰ ਦੌੜ ਵਿੱਚ ਪਹਿਲੇ ਨੰਬਰ ਤੇ ਸੁਨੀਲ ਕੁਮਾਰ ਦੂਜੇ ਨੰਬਰ ਤੇ ਮੋਹਿਤ ਅਤੇ ਤੀਜੇ ਨੰਬਰ ਤੇ ਸ਼ੁਭਮ ਰਹੇ । ਪੰਜ ਕਿਲੋਮੀਟਰ ਦੀ ਦੌੜ ਵਿੱਚ ਸੰਦੀਪ ਜਾਟ ਅਤੇ ਮੋਹਨ ਦਾ ਸਥਾਨ ਰਿਹਾ 10 ਕਿਲੋਮੀਟਰ ਦੀ ਦੌੜ ਵਿੱਚ ਪਹਿਲੇ ਸਥਾਨ ਤੇ ਗੌਰਵਾ ਦੂਜੇ ਸਥਾਨ ਤੇ ਉਫਾਮ ਚੰਦ ਅਤੇ ਤੀਜੇ ਸਥਾਨ ਤੇ ਪ੍ਰਮੋਦ ਸਿੰਘ ਨੇ ਇਸ ਮੈਰਾਥਨ ਦੇ

ਜੇਤੂ ਵਜੋਂ ਰਿਕਾਰਡ ਦਰਜ ਕੀਤਾ। ਇਸ ਮੌਕੇ ਸੱਤਵੀਂ ਇਨਫੈਂਟਰੀ ਡਿਵੀਜ਼ਨ ਦੇ ਜੀਓਸੀ ਮੇਜਰ ਜਨਰਲ ਰਣਜੀਤ ਸਿੰਘ ਮਨਰਾਲ, ਸ਼ਹੀਦੇ ਆਜ਼ਮ ਭਗਤ ਸਿੰਘ ਦੇ ਭਾਣਜੇ ਪ੍ਰੋਫੈਸਰ ਜਗਮੋਹਨ ਸਿੰਘ ਭਾਰਤੀ ਹਾਕੀ ਟੀਮ ਦੇ ਕਪਤਾਨ ਰਹੇ ਪਦਮ ਸ਼੍ਰੀ  ਪਰਗਟ ਸਿੰਘ ਅਤੇ ਹੋਰਾਂ ਨੇ ਸਾਂਝੇ ਤੌਰ ਤੇ ਸ਼ਮੂਲੀਅਤ ਕੀਤੀ।  ਮੈਰਾਥਨ ਵਿੱਚ ਹਿੱਸਾ ਲੈਣ ਲਈ ਪੰਜਾਬ, ਹਰਿਆਣਾ, ਦਿੱਲੀ, ਹਿਮਾਚਲ, ਅਤੇ ਉੱਤਰ ਪ੍ਰਦੇਸ਼ ਤੋਂ ਦੌੜਾਕਾ ਨੇ ਸ਼ਮੂਲੀਅਤ ਕੀਤੀ।  ਇਸ ਮੈਰਾਥਾਨ ਦਾ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਅਤੇ ਸਿਹਤ ਨੂੰ ਮਾਨਸਿਕ ਤੌਰ ਤੇ ਠੀਕ ਰੱਖਣ ਲਈ ਉਪਰਾਲੇ ਕਰਨਾ ਰਿਹਾ।

-----------------------------------------------------

ਚੇਨਈ ਵਿਖੇ ਆਯੋਜਿਤ 23ਵੀਂ ਏਸ਼ੀਆ ਮਾਸਟਰ ਐਥਲੈਟਿਕ ਚੈਂਪੀਅਨਸ਼ਿਪ ਵਿੱਚ 5 ਕਿਲੋਮੀਟਰ ਪੈਦਲ ਦੌੜ ਵਿੱਚ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਪਿੰਡ ਤਲਾਣੀਆਂ ਦੇ ਖਿਡਾਰੀ ਜੋਗਿੰਦਰਪਾਲ ਸਿੰਘ ਨੇ ਸੋਨੇ ਦਾ ਤਮਗਾ ਜਿਤਿਆ। ਅੱਜ ਪਿੰਡ ਪਹੁੰਚਣ 'ਤੇ ਇਲਾਕਾ ਨਿਵਾਸੀਆਂ ਨੇ ਉਨ੍ਹਾਂ ਦਾ ਸਵਾਗਤ ਕਰਦਿਆਂ  ਵਿਸ਼ੇਸ਼ ਸਨਮਾਨ ਕੀਤਾ

ਗਿਆ। ਇਸ ਦੇ ਨਾਲ ਹੀ  ਐਥਲੀਟ ਜੋਗਿੰਦਰ ਪਾਲ ਸਾਊਥ ਕੋਰੀਆ-2026 ਵਿਖੇ ਵਿਸ਼ਵ ਮਾਸਟਰ ਐਥਲੈਟਿਕਸ ਮੀਟ ਲਈ ਵੀ ਚੁਣੇ ਗਏ ਨੇ  । ਪਿੰਡ ਵਾਸੀਆਂ ਨੇ ਕਿਹਾ ਕਿ ਖਿਡਾਰੀ ਜੋਗਿੰਦਰ ਪਾਲ ਨੇ ਅਪਣੇ ਪਿੰਡ ਦਾ ਹੀ ਨਹੀ ਸਗੋਂ ਪੂਰੇ ਦੇਸ਼ ਦਾ ਨਾਮ ਰੋਸ਼ਨ ਕੀਤਾ ਏ  ।

 ਇਸ ਮੌਕੇ ਜੋਗਿੰਦਰ ਪਾਲ ਨੇ ਆਕਾਸ਼ਵਾਣੀ ਜਲੰਧਰ ਨਾਲ ਨਾਲ ਗੱਲਬਾਤ ਕਰਦਿਆਂ ਆਪਣਾ ਤਜਰਬਾ ਸਾਂਝਾ ਕੀਤਾ

BYTE

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਹਰਾਦੂਨ ਵਿੱਚ ਉਤਰਾਖੰਡ ਦੇ ਸਥਾਪਨਾ ਦਿਵਸ ਦੇ ਸਿਲਵਰ ਜੁਬਲੀ ਸਮਾਰੋਹ ਵਿੱਚ ਸ਼ਿਰਕਤ ਕੀਤੀ- 8 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੇ ਕਈ ਵਿਕਾਸ ਪ੍ਰੋਜੈਕਟਾਂ ਦੀ ਕੀਤੀ ਸ਼ੁਰੂਆਤ ।

- ਚੋਣ ਕਮਿਸ਼ਨ ਵੱਲੋਂ ਤਰਨਤਾਰਨ ਜ਼ਿਮਨੀ ਚੋਣ ਲਈ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ - ਕੇਂਦਰੀ ਬਲਾਂ ਦੀਆਂ 12 ਕੰਪਨੀਆਂ ਤਾਇਨਾਤ -46 ਮਾਈਕ੍ਰੋ ਅਬਜ਼ਰਵਰ ਸਾਰੇ ਸੰਵੇਦਨਸ਼ੀਲ

ਪੋਲਿੰਗ ਸਟੇਸ਼ਨਾਂ 'ਤੇ ਰੱਖਣਗੇ ਨਜ਼ਰ - ਸੁਰਿੰਦਰ ਲਾਂਬਾਂ ਨੂੰ ਤਰਨਤਾਰਨ ਦਾ ਨਵਾਂ ਐੱਸ.ਐੱਸ.ਪੀ. ਨਿਯੁਕਤ ਕੀਤਾ ਗਿਆ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਰਧਾਲੂਆਂ ਨੂੰ ਦਰਸ਼ਨਾਂ ਲਈ ਅੰਮ੍ਰਿਤਸਰ ਲਿਜਾਣ ਵਾਲੀਆਂ ਬੱਸਾਂ ਦੇ ਪਹਿਲੇ ਜਥੇ ਨੂੰ ਰਵਾਨਾ ਕੀਤਾ।

- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਬਾਬਾ ਬਕਾਲਾ ਸਾਹਿਬ ਵਿਖੇ ਵਿਸ਼ਾਲ ਸਮਾਗਮ |

- ਭਾਰਤ-ਪਾਕਿਸਤਾਨ ਸਰਹੱਦ 'ਤੇ ਫਿਰੋਜ਼ਪੁਰ ਬਾਰਡਰ ਮੈਰਾਥਨ ਦਾ ਆਯੋਜਨ-4000 ਤੋਂ ਵੱਧ ਦੌੜਾਕਾ ਨੇ ਹਿੱਸਾ ਲਿਆ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**